# TODAY'S HUKAMNAMA FROM SRI DARBAR SAHIB, Sri Amritsar.

ਗੂਜਰੀ ਮਹਲਾ ੩ ॥

ਤਿਸੁ ਜਨ ਸਾਂਤਿ ਸਦਾ ਮਤਿ ਨਿਹਚਲ ਜਿਸ ਕਾ ਅਭਿਮਾਨੁ ਗਵਾਏ ॥ ਸੋ ਜਨੁ ਨਿਰਮਲੁ ਜਿ ਗੁਰਮੁਖਿ ਬੂਝੈ ਹਰਿ ਚਰਣੀ ਚਿਤੁ ਲਾਏ ॥੧॥ ਹਰਿ ਚੇਤਿ ਅਚੇਤ ਮਨਾ ਜੋ ਇਛਹਿ ਸੋ ਫਲੁ ਹੋਈ ॥ ਗੁਰ ਪਰਸਾਦੀ ਹਰਿ ਰਸੁ ਪਾਵਹਿ ਪੀਵਤ ਰਹਹਿ ਸਦਾ ਸੁਖੁ ਹੋਈ ॥੧॥ ਰਹਾਉ ॥ ਸਤਿਗੁਰੁ ਭੇਟੇ ਤਾ ਪਾਰਸੁ ਹੋਵੈ ਪਾਰਸੁ ਹੋਇ ਤ ਪੂਜ ਕਰਾਏ ॥ ਜੋ ਉਸੁ ਪੂਜੇ ਸੋ ਫਲੁ ਪਾਏ ਦੀਖਿਆ ਦੇਵੈ ਸਾਚੁ ਬੁਝਾਏ ॥੨॥ ਵਿਣੁ ਪਾਰਸੈ ਪੂਜ ਨ ਹੋਵਈ ਵਿਣੁ ਮਨ ਪਰਚੇ ਅਵਰਾ ਸਮਝਾਏ ॥ ਗੁਰੂ ਸਦਾਏ ਅਗਿਆਨੀ ਅੰਧਾ ਕਿਸੁ ਓਹੁ ਮਾਰਗਿ ਪਾਏ ॥੩॥ ਨਾਨਕ ਵਿਣੁ ਨਦਰੀ ਕਿਛੂ ਨ ਪਾਈਐ ਜਿਸੁ ਨਦਰਿ ਕਰੇ ਸੋ ਪਾਏ ॥ ਗੁਰ ਪਰਸਾਦੀ ਦੇ ਵਡਿਆਈ ਅਪਣਾ ਸਬਦੁ ਵਰਤਾਏ ॥੪॥੫॥੭॥

(ਅੰਗ: ੪੯੧)

**ਪੰਜਾਬੀ ਵਿਆਖਿਆ:**

ਗੂਜਰੀ ਮਹਲਾ ੩ ॥

ਹੇ ਭਾਈ! ਪਰਮਾਤਮਾ ਜਿਸ ਮਨੁੱਖ ਦਾ ਅਹੰਕਾਰ ਦੂਰ ਕਰ ਦੇਂਦਾ ਹੈ, ਉਸ ਮਨੁੱਖ ਨੂੰ ਆਤਮਕ ਸ਼ਾਂਤੀ ਪ੍ਰਾਪਤ ਹੋ ਜਾਂਦੀ ਹੈ, ਉਸ ਦੀ ਅਕਲ (ਮਾਇਆ-ਮੋਹ ਵਿਚ) ਡੋਲਣੋਂ ਹਟ ਜਾਂਦੀ ਹੈ । ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਇਹ ਭੇਤ) ਸਮਝ ਲੈਂਦਾ ਹੈ, ਤੇ, ਪਰਮਾਤਮਾ ਦੇ ਚਰਨਾਂ ਵਿਚ ਆਪਣਾ ਚਿੱਤ ਜੋੜਦਾ ਹੈ, ਉਹ ਮਨੁੱਖ ਪਵਿੱਤ੍ਰ ਜੀਵਨ ਵਾਲਾ ਬਣ ਜਾਂਦਾ ਹੈ ।੧।ਹੇ (ਮੇਰੇ ਗਾਫ਼ਲ ਮਨ! ਪਰਮਾਤਮਾ ਨੂੰ ਚੇਤੇ ਕਰਦਾ ਰਹੁ, ਤੈਨੂੰ ਉਹੀ ਫਲ ਮਿਲ ਜਾਏਗਾ ਜੇਹੜਾ ਤੂੰ ਮੰਗੇਂਗਾ । (ਗੁਰੂ ਦੀ ਸਰਨ ਪਉ) ਗੁਰੂ ਦੀ ਕਿਰਪਾ ਨਾਲ ਤੂੰ ਪਰਮਾਤਮਾ ਦੇ ਨਾਮ ਦਾ ਰਸ ਹਾਸਲ ਕਰ ਲਏਂਗਾ, ਤੇ, ਜੇ ਤੂੰ ਉਸ ਰਸ ਨੂੰ ਪੀਂਦਾ ਰਹੇਂਗਾ, ਤਾਂ ਤੈਨੂੰ ਸਦਾ ਆਨੰਦ ਮਿਲਿਆ ਰਹੇਗਾ ।੧।ਰਹਾਉ।ਹੇ ਭਾਈ! ਜਦੋਂ ਕਿਸੇ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਤਦੋਂ ਉਹ ਪਾਰਸ ਬਣ ਜਾਂਦਾ ਹੈ (ਉਹ ਹੋਰ ਮਨੁੱਖਾਂ ਨੂੰ ਭੀ ਉੱਚੇ ਜੀਵਨ ਵਾਲਾ ਬਣਾਣ-ਜੋਗਾ ਹੋ ਜਾਂਦਾ ਹੈ), ਜਦੋਂ ਉਹ ਪਾਰਸ ਬਣਦਾ ਹੈ ਤਦੋਂ ਲੋਕਾਂ ਪਾਸੋਂ ਆਦਰ-ਮਾਣ ਹਾਸਲ ਕਰਦਾ ਹੈ । ਜੇਹੜਾ ਭੀ ਮਨੁੱਖ ਉਸ ਦਾ ਆਦਰ ਕਰਦਾ ਹੈ ਉਹ (ਉੱਚਾ ਆਤਮਕ ਜੀਵਨ-ਰੂਪ) ਫਲ ਪ੍ਰਾਪਤ ਕਰਦਾ ਹੈ । (ਪਾਰਸ ਬਣਿਆ ਹੋਇਆ ਮਨੁੱਖ ਹੋਰਨਾਂ ਨੂੰ ਉੱਚੇ ਜੀਵਨ ਦੀ) ਸਿੱਖਿਆ ਦੇਂਦਾ ਹੈ, ਤੇ, ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਸਿਮਰਨ ਦੀ ਅਕਲ ਦੇਂਦਾ ਹੈ ।੨।(ਪਰ, ਹੇ ਭਾਈ!) ਪਾਰਸ ਬਣਨ ਤੋਂ ਬਿਨਾ (ਦੁਨੀਆ ਪਾਸੋਂ) ਆਦਰ-ਮਾਣ ਨਹੀਂ ਮਿਲਦਾ, (ਕਿਉਂਕਿ) ਆਪਣਾ ਮਨ ਸਿਮਰਨ ਵਿਚ ਪਤੀਜਣ ਤੋਂ ਬਿਨਾ ਹੀ ਉਹ ਮਨੁੱਖ ਹੋਰਨਾਂ ਨੂੰ (ਸਿਮਰਨ ਦੀ) ਸਿੱਖਿਆ ਦੇਂਦਾ ਹੈ । ਜੇਹੜਾ ਮਨੁੱਖ ਆਪ ਤਾਂ ਗਿਆਨ ਤੋਂ ਸੱਖਣਾ ਹੈ, ਆਪ ਤਾਂ ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਪਿਆ ਹੈ, ਪਰ ਆਪਣੇ ਆਪ ਨੂੰ ਗੁਰੂ ਅਖਵਾਂਦਾ ਹੈ ਉਹ ਕਿਸੇ ਹੋਰ ਨੂੰ (ਸਹੀ ਜੀਵਨ ਦੇ) ਰਸਤੇ ਉਤੇ ਨਹੀਂ ਪਾ ਸਕਦਾ ।੩।ਹੇ ਨਾਨਕ! (ਕਿਸੇ ਦੇ ਵੱਸ ਦੀ ਗੱਲ ਨਹੀਂ) ਪਰਮਾਤਮਾ ਦੀ ਮੇਹਰ ਦੀ ਨਿਗਾਹ ਤੋਂ ਬਿਨਾ ਕੁਝ ਭੀ ਪ੍ਰਾਪਤ ਨਹੀਂ ਹੁੰਦਾ (ਆਤਮਕ ਜੀਵਨ ਦੀ ਦਾਤਿ ਨਹੀਂ ਮਿਲਦੀ) । ਜਿਸ ਮਨੁੱਖ ਉਤੇ ਮੇਹਰ ਦੀ ਨਜ਼ਰ ਕਰਦਾ ਹੈ ਉਹ ਮਨੁੱਖ ਇਹ ਦਾਤਿ ਹਾਸਲ ਕਰ ਲੈਂਦਾ ਹੈ । ਗੁਰੂ ਦੀ ਕਿਰਪਾ ਦੀ ਬਰਕਤਿ ਨਾਲ ਪਰਮਾਤਮਾ (ਜਿਸ ਮਨੁੱਖ ਨੂੰ) ਵਡਿਆਈ ਬਖ਼ਸ਼ਦਾ ਹੈ ਉਸ ਦੇ ਹਿਰਦੇ ਵਿਚ ਆਪਣੀ ਸਿਫ਼ਤਿ-ਸਾਲਾਹ ਦੀ ਬਾਣੀ ਵਸਾਂਦਾ ਹੈ ।੪।੫।੭।

**English Translation:**

**GUJRI, THIRD MEHL:**

That humble being who eliminates his ego is at peace; he is blessed with an ever-stable intellect. That humble being is immaculately pure, who, as Gurmukh, understands the Lord, and focuses his consciousness on the Lord's Feet. || 1 || O my unconscious mind, remain conscious of the Lord, and you shall obtain the fruits of your desires. By Guru's Grace, you shall obtain the sublime elixir of the Lord; by continually drinking it in, you shall have eternal peace. || 1 || Pause || When one meets the True Guru, he becomes the philosopher's stone, with the ability to transform others, inspiring them to worship the Lord. One who worships the Lord in adoration, obtains his rewards; instructing others, he reveals the Truth. || 2 || Without becoming the philosopher's stone, he does not inspire others to worship the Lord; without instructing his own mind, how can he instruct others? The ignorant, blind man calls himself the guru, but to whom can he show the way? || 3 || O Nanak, without His Mercy, nothing can be obtained. One upon whom He casts His Glance of Grace, obtains Him. By Guru's Grace, God bestows greatness, and projects the Word of His Shabad. || 4 || 5 || 7 ||

https://sikhizm.com/hukamnama/tis-jan-saant-sada-man-nihchal/

(Page: 491)